# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 24-05-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਨੀਤੀ ਆਯੋਗ ਦੀ ਗਵਰਨਿੰਗ ਕੌਂਸਲ ਦੀ ਮੀਟਿੰਗ ਕੀਤੀ - ਕਿਹਾ ਸੂਬਿਆਂ ਨੂੰ ਵਿਸ਼ਵ ਪੱਧਰੀ ਮਿਆਰਾਂ ਮੁਤਾਬਿਕ ਘੱਟੋ-ਘੱਟ ਇੱਕ ਸੈਰ-ਸਪਾਟਾ ਸਥਾਨ ਵਿਕਸਤ ਕਰਨਾ ਚਾਹੀਦਾ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਨੀਤੀ ਆਯੋਗ ਦੀ ਮੀਟਿੰਗ ਵਿੱਚ ਹਿੱਸਾ ਲੈਂਦਿਆਂ, ਸੂਬੇ ਨਾਲ ਸਬੰਧਤ ਕੁਝ ਮਹੱਤਵਪੂਰਨ ਮੁੱਦਿਆਂ ਨੂੰ ਚੁਕਿਆ।
- ਭਾਰਤ ਨੇ ਦਹਾਕਿਆਂ ਤੋਂ ਚੱਲ ਰਹੀ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਲੈ ਕੇ, ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿੱਚ ਪਾਕਿਸਤਾਨ ਦੀ ਸਖ਼ਤ ਆਲੋਚਨਾ ਕੀਤੀ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਜਲ ਸਰੋਤ ਮੰਤਰੀ ਵੱਲੋਂ ਸਿੰਚਾਈ ਵਿਭਾਗ ਨੂੰ, ਪੰਜਾਬ ਦੀਆਂ ਸਾਰੀਆਂ ਨਹਿਰਾਂ ਦੀ ਜ਼ਮੀਨੀ ਪੱਧਰ 'ਤੇ ਚੈਕਿੰਗ ਕਰਨ ਦੇ ਨਿਰਦੇਸ਼।
- ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਇੰਗਲੈਂਡ ਦੌਰੇ ਲਈ ਸ਼ੁਭਮਨ ਗਿੱਲ ਦੀ ਕਪਤਾਨੀ ਹੇਠ ਟੈਸਟ ਕ੍ਰਿਕਟ ਟੀਮ ਦਾ ਕੀਤਾ ਐਲਾਨ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੂਬਿਆਂ ਨੂੰ ਵਿਸ਼ਵ ਪੱਧਰੀ ਮਿਆਰਾਂ ਮੁਤਾਬਿਕ ਅਤੇ ਸਾਰੀਆਂ ਸਹੂਲਤਾਂ ਅਤੇ ਬੁਨਿਆਦੀ ਢਾਂਚਾ ਪ੍ਰਦਾਨ ਕਰਦਿਆਂ, ਹਰੇਕ ਸੂਬੇ ਵਿੱਚ ਘੱਟੋ-ਘੱਟ ਇੱਕ ਸੈਰ-ਸਪਾਟਾ ਸਥਾਨ ਨੂੰ ਵਿਕਸਤ ਕਰਨ ਲਈ ਕਿਹਾ ਏ । ਅੱਜ ਨਵੀਂ ਦਿੱਲੀ ਵਿੱਚ ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਮੀਟਿੰਗ ਦੀ ਪ੍ਰਧਾਨਗੀ ਕਰਦੇ

ਹੋਏ, ਪ੍ਰਧਾਨ ਮੰਤਰੀ ਨੇ ਇੱਕ ਸੂਬਾ : ਇੱਕ ਆਲਮੀ ਮੰਜਿਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਨਾਲ ਗੁਆਂਢੀ ਸ਼ਹਿਰਾਂ ਨੂੰ ਸੈਰ-ਸਪਾਟਾ ਸਥਾਨਾਂ ਵਜੋਂ ਵਿਕਸਤ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਵਿਚ ਤੇਜ਼ੀ ਨਾਲ ਸ਼ਹਿਰੀਕਰਨ ਹੋ ਰਿਹਾ ਏ । ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਕਾਸ, ਨਵੀਨਤਾ ਅਤੇ ਸਥਿਰਤਾ ਸ਼ਹਿਰਾਂ ਦੇ ਵਿਕਾਸ ਦੇ ਇੰਜਣ ਹੋਣੇ ਚਾਹੀਦੇ ਹਨ। ਵਿਕਾਸ ਦੀ ਗਤੀ ਨੂੰ ਤੇਜ਼ ਕਰਨ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਜੇਕਰ ਕੇਂਦਰ ਅਤੇ ਸਾਰੇ ਰਾਜ ਇਕੱਠੇ ਹੋ ਕੇ ਟੀਮ ਇੰਡੀਆ ਵਾਂਗ ਕੰਮ ਕਰਨ, ਤਾਂ ਕੋਈ ਵੀ ਟੀਚਾ ਅਸੰਭਵ ਨਹੀਂ ਏ । ਉਨ੍ਹਾਂ ਕਿਹਾ, ਵਿਕਸਤ ਭਾਰਤ ਹਰ ਭਾਰਤੀ ਦਾ ਟੀਚਾ ਏ , ਜਦੋਂ ਹਰ ਰਾਜ ਵਿਕਸਤ ਹੋਵੇਗਾ, ਤਾਂ ਭਾਰਤ ਵਿਕਸਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ 140 ਕਰੋੜ ਨਾਗਰਿਕਾਂ ਦੀ ਇੱਛਾ ਏ । ਪ੍ਰਧਾਨ ਮੰਤਰੀ ਮੋਦੀ ਨੇ ਸਾਰਿਆਂ ਨੂੰ ਕਾਰਜਬਲ ਵਿੱਚ ਔਰਤਾਂ ਨੂੰ ਸ਼ਾਮਲ ਕਰਨ ਲਈ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਕਾਨੂੰਨ ਅਤੇ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ ਤਾਂ ਜੋ ਔਰਤਾਂ ਨੂੰ ਸਨਮਾਨ ਨਾਲ ਕਾਰਜਬਲ ਵਿੱਚ ਸ਼ਾਮਲ ਕੀਤਾ ਜਾ

ਸਕੇ। ਮੀਟਿੰਗ ਵਿੱਚ ਉੱਤਰ ਪ੍ਰਦੇਸ਼ , ਆਂਧਰਾ ਪ੍ਰਦੇਸ਼ , ਹਿਮਾਚਲ ਪ੍ਰਦੇਸ਼ , ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ ਦੇ ਮੁੱਖ ਮੰਤਰੀ , ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਉਪ ਰਾਜਪਾਲ, ਕੇਂਦਰੀ ਮੰਤਰੀ ਅਤੇ ਨੀਤੀ ਆਯੋਗ ਦੇ ਉਪ ਚੇਅਰਮੈਨ, ਮੈਂਬਰ ਅਤੇ ਮੁਖ ਕਾਰਜਕਾਰੀ ਮੈਂਬਰ ਮੌਜੂਦ ਹਨ। ਇਸ ਸਾਲ ਦਾ ਥੀਮ -2047 ਦੇ ਵਿਕਸਤ ਭਾਰਤ ਲਈ ਵਿਕਸਤ ਰਾਜ ਰੱਖਿਆ ਗਿਆ ਏ ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨਵੀਂ ਦਿੱਲੀ ਵਿਖੇ ਹੋਈ ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਦੀ ਮੀਟਿੰਗ ਵਿੱਚ ਹਿੱਸਾ ਲਿਆ ਅਤੇ ਸੂਬੇ ਨਾਲ ਸਬੰਧਤ ਕੁਝ ਮਹੱਤਵਪੂਰਨ ਮੁੱਦੇ ਉਠਾਏ । ਉਨ੍ਹਾਂ  ਦੁਹਰਾਇਆ ਕਿ ਪੰਜਾਬ ਕੋਲ ਕਿਸੇ ਵੀ ਸੂਬੇ ਲਈ ਵਾਧੂ ਪਾਣੀ ਨਹੀਂ ਏ । ਉਨ੍ਹਾਂ ਭਾਖੜਾ ਬਿਆਸ ਪ੍ਰਬੰਧਨ ਬੋਰਡ ਦੇ ਪੰਜਾਬ ਪ੍ਰਤੀ ਪੱਖਪਾਤੀ ਰਵੱਈਏ ਦਾ ਮੁੱਦਾ ਵੀ ਉਠਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਕਸਿਤ ਭਾਰਤ @2047 ਦੇ ਦ੍ਰਿਸ਼ਟੀਕੋਣ ਨਾਲ ਪੰਜਾਬ ਦੇ ਪੂਰੀ ਤਰ੍ਹਾਂ ਮੇਲ ਦੀ ਪੁਸ਼ਟੀ ਕੀਤੀ । ਮੁੱਖ

ਮੰਤਰੀ ਨੇ ਕਿਹਾ ਕਿ ਸੂਬਾ ਇੱਕ ਜੀਵੰਤ, ਸਮਾਵੇਸ਼ੀ ਅਤੇ ਪ੍ਰਗਤੀਸ਼ੀਲ ਰਾਜ ਵਾਲਾ  ਰੰਗਲਾ ਪੰਜਾਬ ਬਣਨ ਲਈ ਵਚਨਬੱਧ ਏ । ਉਨ੍ਹਾਂ ਕਿਹਾ ਕਿ 2023 ਵਿੱਚ ਸ਼ੁਰੂ ਕੀਤਾ ਗਿਆ ਪੰਜਾਬ ਵਿਜ਼ਨ 2047 ਉਦਯੋਗਿਕ ਅਤੇ ਸੇਵਾ-ਅਗਵਾਈ ਵਾਲੇ ਵਿਕਾਸ ਰਾਹੀਂ 8 ਫੀਸਦੀ ਤੋਂ ਵੱਧ ਸਾਲਾਨਾ ਜੀ.ਡੀ.ਪੀ ਵਿਕਾਸ ਦੇ  ਟੀਚੇ ਦੇ ਨਾਲ ਵਿਕਸੀਤ ਭਾਰਤ ਦੇ ਟੀਚਿਆਂ ਨਾਲ ਮੇਲ ਖਾਂਦਾ ਏ । ਮੁੱਖ ਮੰਤਰੀ ਨੇ  ਸਰਹੱਦੀ ਖੇਤਰਾਂ ਦੇ ਬੁਨਿਆਦੀ ਢਾਂਚਾ ਗ੍ਰਾਂਟਾਂ ਦੀ ਵੀ ਅਪੀਲ ਕੀਤੀ ਤਾਂ ਜੋ 6 ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਪਠਾਨਕੋਟ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਇਆ ਜਾ ਸਕੇ। ਮੁੱਖ ਮੰਤਰੀ ਨੇ  ਇਹ ਵੀ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਸੁਰਜੀਤ ਕਰਨ ਲਈ, ਪੰਜਾਬ ਵਿੱਚੋਂ ਲੰਘਦੇ ਦਿੱਲੀ-ਕਟੜਾ ਐਕਸ-ਪ੍ਰੈਸਵੇਅ ਦੇ ਨਾਲ ਇੱਕ ਆਰਥਿਕ ਲਾਂਘਾ ਲੋੜੀਂਦਾ ਏ ਜੋ ਇੱਕ ਰਣਨੀਤਕ ਉਦਯੋਗਿਕ ਅਤੇ ਲੌਜਿਸਟਿਕ ਕੇਂਦਰ  ਵਜੋਂ ਕੰਮ ਕਰੇਗਾ, ਮੁੱਖ ਖੇਤਰਾਂ ਨੂੰ ਜੋੜੇਗਾ ਅਤੇ ਵਸਤੂਆਂ ਅਤੇ ਸੇਵਾਵਾਂ ਦੀ ਨਿਰਵਿਘਨ ਆਵਾਜਾਈ ਨੂੰ ਸੁਵਿਧਾਜਨਕ ਬਣਾਏਗਾ।

---------------------------------------------------

ਭਾਰਤ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ  ਵਿੱਚ ਦਹਿਸ਼ਤਗਰਦੀ ਨੂੰ ਲੈ ਕੇ ਪਾਕਿਸਤਾਨ ਦੀ ਸਖ਼ਤ ਆਲੋਚਨਾ ਕੀਤੀ ਏ ਅਤੇ ਕਿਹਾ ਏ ਕਿ ਉਹ ਦਹਾਕਿਆਂ ਤੋਂ ਸਰਹੱਦ ਪਾਰ ਪਾਕਿਸਤਾਨ ਦੀ ਹਿਮਾਇਤ ਵਾਲੇ ਦਹਿਸ਼ਤਗਰਦੀ ਹਮਲਿਆਂ ਦਾ ਸਾਹਮਣਾ ਕਰ ਰਿਹਾ ਏ। ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਸਥਾਈ ਨੁਮਾਇੰਦੇ  ਪਰਵਤਨੇਨੀ ਹਰੀਸ਼ ਨੇ ਹਥਿਆਰਬੰਦ ਸੰਘਰਸ਼ਾਂ ਵਿੱਚ ਨਾਗਰਿਕਾਂ ਦੀ ਸੁਰੱਖਿਆ 'ਤੇ ਇੱਕ ਖੁੱਲ੍ਹੀ ਬਹਿਸ ਦੌਰਾਨ ਇਹ ਟਿੱਪਣੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਦਹਿਸ਼ਤਗਰਦੀ  ਨੂੰ ਉਤਸ਼ਾਹਿਤ ਕਰਨ ਲਈ ਵਾਰ-ਵਾਰ ਆਮ ਨਾਗਰਿਕਾਂ ਨੂੰ ਢਾਲ ਵਜੋਂ ਵਰਤਿਆ ਏ। ਸ੍ਰੀ ਹਰੀਸ਼ ਨੇ ਕਿਹਾ ਕਿ ਦੁਨੀਆ ਨੇ ਹਾਲ ਹੀ ਵਿੱਚ ਹੋਏ ਆਪ੍ਰੇਸ਼ਨ ਸਿੰਦੂਰ ਵਿੱਚ ਮਾਰੇ ਗਏ  ਦਹਿਸ਼ਤਗਰਦਾ ਦੇ ਅੰਤਿਮ ਸੰਸਕਾਰ ਵਿੱਚ ਸੀਨੀਅਰ ਸਰਕਾਰੀ, ਪੁਲਿਸ ਅਤੇ ਫੌਜੀ ਅਧਿਕਾਰੀਆਂ ਨੂੰ ਸ਼ਾਮਲ ਹੁੰਦੇ ਦੇਖਿਆ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ  ਆਕਾਸ਼ਵਾਣੀ 'ਤੇ

ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ 122ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸਿੰਚਾਈ ਵਿਭਾਗ ਨੂੰ ਸੂਬੇ ਦੀਆਂ ਸਾਰੀਆਂ ਨਹਿਰਾਂ ਦਾ ਜ਼ਮੀਨੀ ਪੱਧਰ 'ਤੇ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ ਨੇ ਤਾਂ ਜੋ ਨਹਿਰਾਂ ਵਿੱਚ ਲੀਕੇਜ ਦਾ ਕੋਈ ਮਾਮਲਾ ਸਾਹਮਣੇ ਨਾ ਆਵੇ। ਉਹ ਅੱਜ ਭਾਖੜਾ ਮੇਨ ਲਾਈਨ ਵਿੱਚ ਪਟਿਆਲਾ ਦੇ

ਪਿੰਡ ਪਸਿਆਣਾ ਨੇੜੇ ਸਵੇਰੇ ਕਰੀਬ 6 ਵਜੇ ਹੋਈ ਲੀਕੇਜ ਵਾਲੀ ਥਾਂ 'ਤੇ ਚੱਲ ਰਹੇ ਮੁਰੰਮਤ ਦੇ ਕੰਮ ਦਾ ਜਾਇਜ਼ਾ ਲੈਣ ਪੁੱਜੇ ਹੋਏ ਸਨ। ਜਲ ਸਰੋਤ ਮੰਤਰੀ ਵੱਲੋਂ ਇਸ ਗੱਲ ਤੇ ਤਸੱਲੀ ਪ੍ਰਗਟਾਈ ਗਈ ਕਿ ਵਿਭਾਗ ਦੀ ਚੌਕਸੀ ਸਦਕਾ ਸਮੇਂ ਰਹਿੰਦਿਆਂ ਭਾਖੜਾ ਮੇਨ ਲਾਈਨ 'ਚ ਹੋਈ ਲੀਕੇਜ ਨੂੰ ਬੰਦ ਕਰ ਦਿੱਤਾ ਗਿਆ । ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਭਾਖੜਾ ਮੇਨ ਲਾਈਨ ਦੀ ਰਿਪੇਅਰ ਦਾ ਕੰਮ ਹੋਣ ਕਰਕੇ ਇਸ ਵਿੱਚ ਪਾਣੀ ਘਟਾਇਆ ਗਿਆ ਸੀ ਅਤੇ ਜਦ 21 ਮਈ ਨੂੰ ਦੁਬਾਰਾ ਪਾਣੀ ਛੱਡਿਆ ਗਿਆ ਤਾਂ ਪਸਿਆਣਾ ਨੇੜੇ ਲੀਕੇਜ ਦਾ ਪਤਾ ਲੱਗਿਆ ਤਾਂ ਅਧਿਕਾਰੀਆਂ ਨੇ ਇਸ ਨੂੰ ਤੁਰੰਤ ਪਲੱਗ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਜਲ ਸਰੋਤ ਵਿਭਾਗ ਤੇ ਅਧਿਕਾਰੀਆਂ ਵੱਲੋਂ ਪੂਰੀ ਲਾਈਨ ਦੀ ਜਾਂਚ ਕੀਤੀ ਜਾ ਰਹੀ ਏ ਤਾਂ ਜੋ ਦੁਬਾਰਾ ਅਜਿਹੀ ਲੀਕੇਜ ਨਾ ਹੋਵੇ। ਜਲ ਸਰੋਤ ਮੰਤਰੀ ਨੇ ਅਧਿਕਾਰੀਆਂ ਨੂੰ ਭਾਖੜਾ ਮੇਨ ਲਾਈਨ ਤੇ ਦੋਵੇਂ ਪਾਸਿਆਂ ਦੀ ਪੂਰੀ ਜਾਂਚ ਕਰਨ ਦੇ ਹੁਕਮ ਦਿੰਦਿਆਂ ਕਿਹਾ ਕਿ ਜਿੱਥੇ ਕਿਤੇ ਵੀ ਕੋਈ ਕਮਜ਼ੋਰ ਕਿਨਾਰਾ ਏ ਉਸਦੀ ਮੁਰੰਮਤ ਤੁਰੰਤ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀ ਲੀਕੇਜ ਨਾ ਹੋਵੇ। ਉਨ੍ਹਾਂ ਕਿਹਾ ਕਿ ਜਲ

ਸਰੋਤ ਵਿਭਾਗ ਪੂਰੀ ਤਰ੍ਹਾਂ ਚੌਕਸ ਹੈ, ਸਾਰੀ ਮੋਨੀਟਰਿੰਗ ਕੀਤੀ ਜਾ ਰਹੀ ਏ ਤਾਂ ਜੋ ਅਜਿਹੀ ਲੀਕੇਜ ਦਾ ਮਾਮਲਾ ਸਾਹਮਣੇ ਨਾ ਆਵੇ।

---------------------------------------------------------------

ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਤੰਬਾਕੂ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਨੁਕਸਾਨਦੇਹ ਪ੍ਰਭਾਵਾਂ ਤੋਂ ਬਚਾਉਣ ਵੱਲ ਇੱਕ ਵੱਡਾ ਕਦਮ ਚੁਕਦਿਆਂ, ਸਿੱਖਿਆ ਮੰਤਰਾਲੇ ਦੇ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਨੇ ਪੰਜਾਬ ਸਮੇਤ ਸਾਰੇ ਸੂਬਿਆਂ ਅਤੇ ਕੇਂਦਰ ਪ੍ਰਬੰਧਿਤ ਪ੍ਰਦੇਸ਼ਾਂ ਨੂੰ ਕਾਰਵਾਈ ਕਰਨ ਲਈ, ਸਖ਼ਤ ਨਿਰਦੇਸ਼ ਜਾਰੀ ਕੀਤੇ ਨੇ । ਇਸਦਾ ਉਦੇਸ਼ ਵਿਦਿਅਕ ਸੰਸਥਾਵਾਂ ਦੇ ਆਲੇ ਦੁਆਲੇ ਦੇ ਇਲਾਕਿਆਂ ਨੂੰ ਤੰਬਾਕੂ, ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਤੋਂ ਮੁਕਤ ਰੱਖਣ ਵਾਲੇ ਨੇਮਾਂ ਅਤੇ ਦਿਸ਼ਾ-ਨਿਰਦੇਸ਼ਾਂ ਨੂੰ ਸਖ਼ਤੀ ਨਾਲ ਲਾਗੂ ਕਰਨਾ ਏ । ਇਹ ਰਾਸ਼ਟਰ-ਵਿਆਪੀ ਮੁਹਿੰਮ ਇਸ ਮਹੀਨੇ ਦੇ ਮੱਧ ਵਿੱਚ ਹੋਈ ਨਾਰਕੋ-ਕੋਆਰਡੀਨੇਸ਼ਨ ਸੈਂਟਰ (NCORD) ਦੀ 8ਵੀਂ ਉੱਚ-ਪੱਧਰੀ ਸਿਖਰ ਕਮੇਟੀ ਦੀ ਮੀਟਿੰਗ ਤੋਂ ਬਾਅਦ ਸ਼ੁਰੂ ਕੀਤੀ ਗਈ ਏ। ਗ੍ਰਹਿ ਮੰਤਰਾਲੇ ਦੇ ਸਕੱਤਰ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ, ਨੌਜਵਾਨਾਂ ਨੂੰ

ਨੁਕਸਾਨਦੇਹ ਪਦਾਰਥਾਂ ਤੋਂ ਬਚਾਉਣ ਦੀ ਇੱਕ ਜ਼ਰੂਰੀ ਲੋੜ ਨੂੰ ਉਜਾਗਰ ਕੀਤਾ ਗਿਆ ਅਤੇ ਸਿੱਖਿਆ ਤੇ ਕਾਨੂੰਨ ਲਾਗੂ ਕਰਨ ਵਾਲੇ ਵਿਭਾਗਾਂ ਵਿਚਕਾਰ ਤਾਲਮੇਲ ਦੀ ਮੰਗ ਕੀਤੀ ਗਈ।

*ਪੇਸ਼ ਏ ਇੱਕ ਰਿਪੋਰਟ :ਅਧਿਅਨ ਤੋਂ ਪਤਾ ਚੱਲਦਾ ਏ ਕਿ ਨੌਜਵਾਨਾਂ ਵਿੱਚ ਤੰਬਾਕੂ ਦੀ ਖਪਤ ਤੇਜ਼ੀ ਨਾਲ ਵੱਧ ਰਹੀ ਹੈ ਜਿਸ ਕਾਰਨ ਸਕੂਲ/ਕਾਲਜਾ ਦੇ ਅੰਦਰ ਹੀ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਹੋਰ ਰੂਪਾਂ ਦਾ ਪ੍ਰਯੋਗ ਕੀਤਾ ਜਾ ਰਿਹਾ ਹੈ। ਗਲੋਬਲ ਯੂਥ ਤੰਬਾਕੂ ਸਰਵੇਖਣ 2019 ਨੇ ਖੁਲਾਸਾ ਕੀਤਾ ਏ ਕਿ 13 ਤੋਂ 15 ਸਾਲ ਦੀ ਉਮਰ ਦੇ 8.5% ਭਾਰਤੀ ਵਿਦਿਆਰਥੀ ਕਿਸੇ ਨਾ ਕਿਸੇ ਰੂਪ ਵਿੱਚ ਤੰਬਾਕੂ ਦੀ ਵਰਤੋਂ ਕਰ ਰਹੇ ਸਨ। ਇਸ ਤੋਂ ਵੀ ਵੱਧ ਚਿੰਤਾਜਨਕ ਤੱਥ ਸਾਹਮਣੇ ਆਇਆ ਏ ਕਿ ਭਾਰਤ ਵਿੱਚ ਹਰ ਰੋਜ਼ 5,500 ਤੋਂ ਵੱਧ ਬੱਚੇ ਤੰਬਾਕੂ ਦੀ ਵਰਤੋਂ ਸ਼ੁਰੂ ਕਰਦੇ ਹਨ। ਇਸ ਵਧ ਰਹੇ ਖ਼ਤਰੇ ਦਾ ਮੁਕਾਬਲਾ ਕਰਨ ਲਈ, ਕੇਂਦਰੀ ਸਿੱਖਿਆ ਮੰਤਰਾਲਾ, ਤੰਬਾਕੂ-ਮੁਕਤ ਵਿਦਿਅਕ ਸੰਸਥਾਵਾਂ ਸੰਬੰਧੀ ਦਿਸ਼ਾ-ਨਿਰਦੇਸ਼ਾਂ ਨੂੰ ਸਰਗਰਮੀ ਨਾਲ ਲਾਗੂ ਕਰ ਰਿਹਾ ਏ । ਇਸ ਵਿੱਚ ਹੋਰਨਾਂ ਤੋਂ ਇਲਾਵਾ, ਤੰਬਾਕੂ-ਮੁਕਤ*

*ਜ਼ੋਨ ਨਿਰਧਾਰਤ ਕਰਨ ਲਈ ਵਿਦਿਅਕ ਸੰਸਥਾਵਾਂ ਦੇ ਆਲੇ-ਦੁਆਲੇ 100 ਗਜ ਦੀ ਦੂਰੀ 'ਤੇ ਇੱਕ ਪੀਲੀ ਲਾਈਨ ਲਗਾਉਣਾ ਅਤੇ ਇਹ ਯਕੀਨੀ ਬਣਾਉਣਾ ਵੀ ਸ਼ਾਮਲ ਏ ਕਿ ਕੋਈ ਵੀ ਦੁਕਾਨ ਜਾਂ ਵਿਕਰੇਤਾ ਉਸ ਜ਼ੋਨ ਦੇ ਅੰਦਰ ਤੰਬਾਕੂ ਉਤਪਾਦ ਨਾ ਵੇਚੇ। ਇਸ ਨੂੰ ਯਕੀਨੀ ਬਣਾਉਣ ਲਈ ਮੰਤਰਾਲੇ ਨੇ ਸਿੱਖਿਆ ਅਧਿਕਾਰੀਆਂ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਅੱਗੇ ਆਉਣ ਲਯੀ ਕਿਹਾ ਏ । ਇਸ ਦੇ ਨਾਲ ਹੀ 31 ਮਈ, 2025 ਨੂੰ ਵਿਸ਼ਵ ਤੰਬਾਕੂ ਰਹਿਤ ਦਿਵਸ ਤੋਂ ਇੱਕ ਮਹੀਨੇ ਦੀ ਮੁਹਿੰਮ ਵੀ ਚਲਾਈ ਜਾਵੇਗੀ ਜੋ  ਨਸ਼ਾਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ - 26 ਜੂਨ, 2025 ਤੱਕ ਜਾਰੀ ਰਹੇਗੀ। ਮਾਪਿਆਂ ਅਤੇ ਆਮ ਲੋਕਾਂ ਨੂੰ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ ਹੈ। ਰਾਜੇਸ਼ ਬਾਲੀ/ਆਕਾਸ਼ਵਾਣੀ ਖਬਰਾ /ਜਲੰਧਰ*

---------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਖੇਤਰੀ ਦਫ਼ਤਰ ਵੱਲੋਂ ਪਲਾਸਟਿਕ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਆਉਣ ਵਾਲੇ ਵਿਸ਼ਵ

ਵਾਤਾਵਰਣ ਦਿਵਸ ਨੂੰ ਮੁੱਖ ਰੱਖਦੇ ਹੋਏ ਜਲੰਧਰ ਦੇ ਸ਼ਹੀਦ ਭਗਤ ਸਿੰਘ ਇੰਟਰਸਟੇਟ ਬੱਸ ਟਰਮੀਨਲ ਵਿਖੇ ਵਿਸ਼ਵ ਵਾਤਾਵਰਣ ਦਿਵਸ 2025 ਦੀ ਥੀਮ 'ਪਲਾਸਟਿਕ ਪ੍ਰਦੂਸ਼ਣ ਨੂੰ ਹਰਾਓ' ਤਹਿਤ ਨੁੱਕੜ ਨਾਟਕ ਕਰਵਾਇਆ ਗਿਆ। ਇਸ ਦਾ ਮੁੱਖ ਉਦੇਸ਼ ਪਲਾਸਟਿਕ ਪ੍ਰਦੂਸ਼ਣ ਨੂੰ ਖ਼ਤਮ ਕਰਨ ਅਤੇ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ ਦੇ ਬਦਲਵੇਂ ਵਿਕਲਪਾਂ ਨੂੰ ਉਤਸ਼ਾਹਿਤ ਕਰਨ ਦੇ ਵਿਸ਼ਵ-ਵਿਆਪੀ ਮੁੱਦੇ ਬਾਰੇ ਆਮ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ। ਨੁੱਕੜ ਨਾਟਕ ਰਾਹੀਂ ਲੋਕਾਂ ਨੂੰ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ ਤੋਂ ਹੋਣ ਵਾਲੇ ਨੁਕਸਾਨ ਤੋਂ ਵੀ ਜਾਣੂ ਕਰਵਾਇਆ ਗਿਆ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਦੀ ਭੂਮਿਕਾ ਨਿਭਾਉਂਦਿਆ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਕੇ ਵਾਤਾਵਰਣ ਸੁਰੱਖਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਵੱਲੋ ਕੱਪੜੇ ਦੇ ਥੈਲੇ ਵੀ ਵੰਡੇ ਗਏ।

--------------------------------------------------------------------

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਅੱਜ ਪੰਜਾਬ ਭਰ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ ਈ ਕੌਮੀ ਲੋਕ ਅਦਾਲਤ ਵਿਚ ਸਾਰੇ ਰਾਜੀਨਾਮਾ ਯੋਗ ਫੌਜਦਾਰੀ ਕੇਸ, ਟਰੈਫ਼ਿਕ ਚਲਾਨ, ਚੈਕ ਬਾਊਂਸ ਕੇਸ, ਬੈਂਕ ਰਿਕਵਰੀ , ਵਿਵਾਹਿਕ ਝਗੜੇ, ਕਿਰਤ ਸਬੰਧੀ ਝਗੜੇ, ਬਿਜਲੀ ਅਤੇ ਪਾਣੀ ਦੇ ਬਿਲਾਂ ਸਬੰਧੀ, ਮਾਲ ਵਿਭਾਗ ਨਾਲ ਸਬੰਧਤ ਅਤੇ ਹਰ ਤਰ੍ਹਾਂ ਦੇ ਦੀਵਾਨੀ ਮਾਮਲਿਆਂ ਦਾ ਨਿਪਟਾਰਾ ਕੀਤਾ ਗਿਆ। ਜਿਲਾ ਫਤਿਹਗੜ੍ਹ ਸਾਹਿਬ ਵਿੱਚ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਅਰੁਣ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਕਚਹਿਰੀਆਂ ਫਤਿਹਗੜ੍ਹ ਸਾਹਿਬ, ਅਮਲੋਹ ਅਤੇ ਖਮਾਣੋ ਦੀਆਂ ਸਬ ਡਵੀਜ਼ਨ ਪੱਧਰ ਤੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। 11 ਬੈਂਚਾਂ ਦੌਰਾਨ 11 ਹਜ਼ਾਰ ਦੇ ਲਗਭਗ ਮਾਮਲੇ ਸੁਣਵਾਈ ਲਈ ਰੱਖੇ ਗਏ ਤੇ ਇਨਾ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ। ਇਸੇ ਤਰਾਂ ਪਠਾਨਕੋਟ ਦੇ ਜ਼ਿਲਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੀ ਅਗਵਾਈ ਵਿੱਚ 9 ਬੈਂਚ ਲਗਾਏ ਗਏ ਸਨ,

ਜਿਨਾਂ ਵਿੱਚ 10 ਹਜ਼ਾਰ 28 ਮਾਮਲਿਆਂ ਵਿੱਚੋਂ 9 , 181 ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕੀਤਾ ਗਿਆ। ਇਸ ਮੌਕੇ ਤੇ 2 ਕਰੋੜ 91 ਲਖ 44 ਹਜ਼ਾਰ 97 ਰੁਪਏ ਦੇ ਆਵਾਰਡ ਪਾਸ ਕੀਤੇ ਗਏ । ਜਿਲ੍ਹਾ ਫਾਜ਼ਿਲਕਾ ਵਿਖੇ 11 ਬੈਂਚ ਲਗਾਏ ਗਏ ਜਿਸ ਵਿਚ 5 ਬੈਂਚ ਫਾਜ਼ਿਲਕਾ, 3 ਬੈਂਚ ਅਬੋਹਰ ਅਤੇ 3 ਬੈਂਚ ਜਲਾਲਾਬਾਦ ਦੇ ਸਨ। ਜ਼ਿਲ੍ਹਾ ਅਤੇ ਸੈਸ਼ਨ ਜੱਜ ਅਵਤਾਰ ਸਿੰਘ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ 14 ਹਜ਼ਾਰ 547 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 22 ਕਰੋੜ 13 ਲਖ ਤੋਂ ਵੱਧ ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਓਧਰ ਮੋਹਾਲੀ ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੁੱਲ ਕੰਸਾਲਾ ਦੀ ਨਿਗਰਾਨੀ ਤਹਿਤ ਮੁਹਾਲੀ, ਖਰੜ ਤੇ ਡੇਰਾਬੱਸੀ ਚ ਲਾਈ ਕੌਮੀ ਲੋਕ ਅਦਾਲਤ 19327 ਦਾ ਨਿਪਟਾਰਾ ਕੀਤਾ ਗਿਆ ।ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਦੱਸਿਆ ਕਿ ਲੋਕ ਅਦਾਲਤਾਂ ਚ ਪੈਸਾ ਤੇ ਸਮਾਂ ਦੋਵਾਂ ਦੀ ਬਚਤ ਹੁੰਦੀ ਏ । ਫੈਸਲੇ ਦੀ ਅਪੀਲ ਦਲੀਲ ਨਹੀਂ ਹੁੰਦੀ ਤੇ ਫ਼ੈਸਲਾ ਅਖੀਰੀ ਹੁੰਦਾ ਏ । ਜਿਸ ਨਾਲ ਆਪਸੀ ਪਿਆਰ ਤੇ ਵਿਸ਼ਵਾਸ ਵੱਧਦਾ ਏ ।

ਇਸੇ ਤਰਾਂ ਗੁਰਦਾਸਪੁਰ ਸਮੇਤ ਹੋਰਨਾਂ ਜ਼ਿਲਿਆਂ ਵਿਚ ਵੀ, ਲੋਕ ਅਦਾਲਤਾਂ ਰਾਹੀਂ ਮਸਲੇ ਹੱਲ ਕੀਤੇ ਗਏ

---------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ, ਇੰਗਲੈਂਡ ਦੌਰੇ 'ਤੇ ਹੋਣ ਵਾਲੀ ਟੈਸਟ ਲੜੀ ਲਈ ਟੀਮ ਦਾ ਐਲਾਨ ਕਰ ਦਿੱਤਾ ਏ । ਸ਼ੁਭਮਨ ਗਿੱਲ ਨੂੰ ਟੀਮ ਦਾ ਕਪਤਾਨ ਬਣਾਇਆ ਗਿਆ ਏ, ਦੋਂ ਕਿ ਰਿਸ਼ਭ ਪੰਤ ਉਪ-ਕਪਤਾਨ ਦੀ ਭੂਮਿਕਾ ਨਿਭਾਉਣਗੇ। ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ ਦੇ ਟੈਸਟ ਕ੍ਰਿਕਟ ਤੋਂ ਸੰਨਿਆਸ ਲੈਣ ਤੋਂ ਬਾਅਦ, ਭਾਰਤੀ ਟੀਮ ਆਪਣੀ ਪਹਿਲੀ ਟੈਸਟ ਕ੍ਰਿਕਟ ਲੜੀ ਖੇਡੇਗੀ।

---------------------------------------------------

ਪਟਿਆਲਾ ਦੇ ਦੋ ਕ੍ਰਿਕਟ ਖਿਡਾਰੀ ਅੰਡਰ-23 ਏਸ਼ੀਆ ਕਪ ਲਈ ਭਾਰਤੀ ਟੀਮ ਦੇ ਕੈਂਪ ਵਾਸਤੇ ਚੁਣੇ ਗਏ ਨੇ । ਇਸ ਸਬੰਧੀ ਜਾਣਕਾਰੀ ਦਿੰਦਿਆਂ ਕ੍ਰਿਕਟ ਕੋਚ ਕਮਲ ਸੰਧੂ ਨੇ ਦੱਸਿਆ ਕਿ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਵੱਲੋਂ ਆਫ ਸਪਿਨਰ ਖਿਡਾਰੀ

ਹਰਜਸ ਸਿੰਘ ਟੰਡਨ ਅਤੇ ਖੱਬੇ ਹੱਥ ਦੇ ਸਪੀਨਰ ਗੇਂਦਬਾਜ਼ ਆਰਿਆ-ਮਾਨ ਧਾਲੀਵਾਲ ਦੀ ਚੋਣ ਏਸ਼ੀਆ ਕੱਪ ਦੇ ਲਈ ਕੀਤੀ ਗਈ ਏ। ਇਹ ਦੋਵੇਂ ਖਿਡਾਰੀ ਪਿਛਲੇ ਕਈ ਸਾਲਾਂ ਤੋਂ ਪੰਜਾਬ ਵੱਲੋਂ ਖੇਡਦਿਆਂ ਬਹੁਤ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਸਨ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਨੀਤੀ ਆਯੋਗ ਦੀ ਗਵਰਨਿੰਗ ਕੌਂਸਲ ਦੀ ਮੀਟਿੰਗ ਕੀਤੀ - ਕਿਹਾ ਸੂਬਿਆਂ ਨੂੰ ਵਿਸ਼ਵ ਪੱਧਰੀ ਮਿਆਰਾਂ ਮੁਤਾਬਿਕ ਘੱਟੋ-ਘੱਟ ਇੱਕ ਸੈਰ-ਸਪਾਟਾ ਸਥਾਨ ਵਿਕਸਤ ਕਰਨਾ ਚਾਹੀਦਾ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਨੀਤੀ ਆਯੋਗ ਦੀ ਮੀਟਿੰਗ ਵਿੱਚ ਹਿੱਸਾ ਲੈਂਦਿਆਂ, ਸੂਬੇ ਨਾਲ ਸਬੰਧਤ ਕੁਝ ਮਹੱਤਵਪੂਰਨ ਮੁੱਦਿਆਂ ਨੂੰ ਚੁਕਿਆ।
- ਭਾਰਤ ਨੇ ਦਹਾਕਿਆਂ ਤੋਂ ਚੱਲ ਰਹੀ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਲੈ ਕੇ, ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿੱਚ ਪਾਕਿਸਤਾਨ ਦੀ ਸਖ਼ਤ ਆਲੋਚਨਾ ਕੀਤੀ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਜਲ ਸਰੋਤ ਮੰਤਰੀ ਵੱਲੋਂ ਸਿੰਚਾਈ ਵਿਭਾਗ ਨੂੰ, ਪੰਜਾਬ ਦੀਆਂ ਸਾਰੀਆਂ ਨਹਿਰਾਂ ਦੀ ਜ਼ਮੀਨੀ ਪੱਧਰ 'ਤੇ ਚੈਕਿੰਗ ਕਰਨ ਦੇ ਨਿਰਦੇਸ਼।
- ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਇੰਗਲੈਂਡ ਦੌਰੇ ਲਈ ਸ਼ੁਭਮਨ ਗਿੱਲ ਦੀ ਕਪਤਾਨੀ ਹੇਠ ਟੈਸਟ ਕ੍ਰਿਕਟ ਟੀਮ ਦਾ ਕੀਤਾ ਐਲਾਨ ।

---

***ਇਸਦੇ ਨਾਲਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,,,,***

***, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ***

***ਨਮਸਕਾਰ !***